ਭੈਰਉ ਮਹਲਾ ੩ ॥ ਬਾਝੁ ਗੁਰੂ ਜਗਤੁ ਬਉਰਾਨਾ ਭੂਲਾ ਚੋਟਾ ਖਾਈ ॥ ਮਰਿ ਮਰਿ ਜੰਮੈ ਸਦਾ ਦੁਖੁ ਪਾਏ ਦਰ ਕੀ ਖਬਰਿ ਨ ਪਾਈ ॥ ੧॥ ਮੇਰੇ ਮਨ ਸਦਾ ਰਹਹੁ ਸਤਿਗੁਰ ਕੀ ਸਰਣਾ ॥ ਹਿਰਦੈ ਹਰਿ ਨਾਮੁ ਮੀਠਾ ਸਦ ਲਾਗਾ ਗੁਰ ਸਬਦੇ ਭਵਜਲੁ ਤਰਣਾ ॥ ੧॥ ਰਹਾਉ ॥ ਭੇਖ ਕਰੈ ਬਹੁਤੁ ਚਿਤੁ ਡੋਲੈ ਅੰਤਰਿ ਕਾਮੁ ਕ੍ਰੋਧੁ ਅਹੰਕਾਰੁ ॥ ਅੰਤਰਿ ਤਿਸਾ ਭੂਖ ਅਤਿ ਬਹੁਤੀ ਭਉਕਤ ਫਿਰੈ ਦਰ ਬਾਰੁ ॥ ੨॥ ਗੁਰ ਕੈ ਸਬਦਿ ਮਰਹਿ ਫਿਰਿ ਜੀਵਹਿ ਤਿਨ ਕਉ ਮੁਕਤਿ ਦੁਆਰਿ ॥ ਅੰਤਰਿ ਸਾਂਤਿ ਸਦਾ ਸੁਖੁ ਹੋਵੈ ਹਰਿ ਰਾਖਿਆ ਉਰ ਧਾਰਿ ॥੩॥ ਜਿਉ ਤਿਸੁ ਭਾਵੈ ਤਿਵੈ ਚਲਾਵੈ ਕਰਣਾ ਕਿਛੂ ਨ ਜਾਈ ॥ ਨਾਨਕ ਗੁਰਮੁਖਿ ਸਬਦੁ ਸਮ੍ਹ੍ਹਾਲੇ ਰਾਮ ਨਾਮਿ ਵਡਿਆਈ ॥੪॥੮॥੧੮॥ {ਪੰਨਾ 1132}

ਪਦਅਰਥ:- ਬਉਰਾਨਾ—ਕਮਲਾ, ਝੱਲਾ। ਭੂਲਾ—ਕੁਰਾਹੇ ਪਿਆ ਹੋਇਆ। ਖਾਈ—ਖਾਂਦਾ ਹੈ। ਮਰਿ ਮਰਿ ਜੰਮੈ—ਮੁੜ ਮੁੜ ਮਰ ਕੇ ਜੰਮਦਾ ਹੈ, ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ਦਰ ਕੀ—ਪਰਮਾਤਮਾ ਦੇ ਦਰ ਦੀ। ਖਬਰਿ—ਸੂਝ।1।

ਮਨ—ਹੇ ਮਨ! ਹਿਰਦੈ—ਹਿਰਦੇ ਵਿਚ। ਸਦ—ਸਦਾ। ਸਬਦੇ—ਸ਼ਬਦ ਦੀ ਰਾਹੀਂ। ਭਵਜਲੁ—ਸੰਸਾਰ-ਸਮੁੰਦਰ।1। ਰਹਾਉ।

ਡੋਲੈ—ਡੋਲਦਾ ਹੈ। ਅੰਤਰਿ—(ਉਸ ਦੇ) ਅੰਦਰ। ਤਿਸਾ—ਤ੍ਰਿਸ਼ਨਾ। ਫਿਰੈ—ਫਿਰਦਾ ਹੈ। ਦਰ ਬਾਰੁ—(ਹਰੇਕ ਘਰ ਦੇ) ਦਰ ਦਾ ਬੂਹਾ (ਖੜਕਾਂਦਾ ਹੈ)।2।

ਸਬਦਿ—ਸ਼ਬਦ ਦੀ ਰਾਹੀਂ। ਮਰਹਿ—ਮਰਦੇ ਹਨ, ਦੁਨੀਆ ਦੀਆਂ ਖ਼ਾਹਸ਼ਾਂ ਵਲੋਂ ਮਰਦੇ ਹਨ। ਜੀਵਹਿ—ਆਤਮਕ ਜੀਵਨ ਹਾਸਲ ਕਰ ਲੈਂਦੇ ਹਨ। ਮੁਕਤਿ—ਵਿਕਾਰਾਂ ਤੋਂ ਖ਼ਲਾਸੀ। ਦੁਆਰਿ—ਪ੍ਰਭੂ ਦੇ ਦਰ ਤੇ (ਪਹੁੰਚ)। ਉਰ—ਹਿਰਦਾ। ਧਾਰਿ—ਧਾਰ ਕੇ।3।

ਤਿਸੁ—ਉਸ (ਪਰਮਾਤਮਾ) ਨੂੰ। ਭਾਵੈ—ਚੰਗਾ ਲੱਗਦਾ ਹੈ। ਚਲਾਵੈ—ਜੀਵਨ-ਰਾਹ ਤੇ ਤੋਰਦਾ ਹੈ। ਗੁਰਮੁਖਿ—ਗੁਰੂ ਦੇ ਸਨਮੁਖ ਹੋ ਕੇ। ਸਮ੍ਹਾਲੇ—ਹਿਰਦੇ ਵਿਚ ਵਸਾਂਦਾ ਹੈ। ਨਾਮਿ—ਨਾਮ ਦੀ ਰਾਹੀਂ।4।

ਅਰਥ:- ਹੇ ਮੇਰੇ ਮਨ! ਸਦਾ ਗੁਰੂ ਦੀ ਸਰਨ ਪਿਆ ਰਹੁ। (ਜਿਹੜਾ ਮਨੁੱਖ ਗੁਰੂ ਦੀ ਸਰਨ ਵਿਚ ਟਿਕਿਆ ਰਹਿੰਦਾ ਹੈ, ਉਸ ਨੂੰ ਆਪਣੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਸਦਾ ਪਿਆਰਾ ਲੱਗਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਉਹ ਸੰਸਾਰ-ਸਮੁੰਦਰ ਤੋਂ ਪਾਰ ਲੰਘ ਜਾਂਦਾ ਹੈ।1। ਰਹਾਉ।

ਹੇ ਮਨ! ਗੁਰੂ ਦੀ ਸਰਨ ਤੋਂ ਬਿਨਾ ਜਗਤ (ਵਿਕਾਰਾਂ ਵਿਚ) ਝੱਲਾ ਹੋਇਆ ਫਿਰਦਾ ਹੈ, ਕੁਰਾਹੇ ਪੈ ਕੇ (ਵਿਕਾਰਾਂ ਦੀਆਂ) ਸੱਟਾਂ ਖਾਂਦਾ ਰਹਿੰਦਾ ਹੈ, ਮੁੜ ਮੁੜ ਜਨਮ ਮਰਨ ਦੇ ਗੇੜ ਵਿਚ ਪੈਂਦਾ ਹੈ, ਸਦਾ ਦੁੱਖ ਸਹਿੰਦਾ ਹੈ, ਪਰਮਾਤਮਾ ਦੇ ਦਰ ਦੀ ਉਸ ਨੂੰ ਕੋਈ ਸਮਝ ਨਹੀਂ ਪੈਂਦੀ।1।

ਹੇ ਮਨ! (ਜਿਹੜਾ ਮਨੁੱਖ ਗੁਰੂ ਦੀ ਸਰਨ ਤੋਂ ਖੁੰਝ ਕੇ) ਕਈ (ਧਾਰਮਿਕ) ਭੇਖ ਬਣਾਂਦਾ ਹੈ, ਉਸ ਦਾ ਮਨ (ਵਿਕਾਰਾਂ ਵਿਚ ਹੀ) ਡੋਲਦਾ ਰਹਿੰਦਾ ਹੈ, ਉਸ ਦੇ ਅੰਦਰ ਕਾਮ (ਦਾ ਜ਼ੋਰ) ਹੈ, ਕ੍ਰੋਧ (ਦਾ ਜ਼ੋਰ) ਹੈ, ਅਹੰਕਾਰ (ਦਾ ਜ਼ੋਰ) ਹੈ, ਉਸ ਦੇ ਅੰਦਰ ਮਾਇਆ ਦੀ ਬੜੀ ਤ੍ਰਿਸ਼ਨਾ ਹੈ, ਮਾਇਆ ਦੀ ਬੜੀ ਭੁੱਖ ਹੈ, ਉਹ (ਕੁੱਤੇ ਵਾਂਗ ਰੋਟੀ ਦੀ ਖ਼ਾਤਰ) ਭੌਂਕਦਾ ਫਿਰਦਾ ਹੈ, (ਹਰੇਕ ਘਰ ਦੇ) ਦਰ ਦਾ ਬੂਹਾ (ਖੜਕਾਂਦਾ ਫਿਰਦਾ ਹੈ)।2।

ਹੇ ਭਾਈ! ਜਿਹੜੇ ਮਨੁੱਖ ਗੁਰੂ ਦੇ ਸ਼ਬਦ ਦੀ ਰਾਹੀਂ (ਵਿਕਾਰਾਂ ਵਲੋਂ) ਮਰਦੇ ਹਨ, ਉਹ ਫਿਰ ਆਤਮਕ ਜੀਵਨ ਹਾਸਲ ਕਰ ਲੈਂਦੇ ਹਨ, ਉਹਨਾਂ ਨੂੰ ਵਿਕਾਰਾਂ ਤੋਂ ਖ਼ਲਾਸੀ ਮਿਲ ਜਾਂਦੀ ਹੈ, ਪਰਮਾਤਮਾ ਦੇ ਦਰ ਤੇ (ਉਹਨਾਂ ਦੀ ਪਹੁੰਚ ਹੋ ਜਾਂਦੀ ਹੈ)। ਉਹਨਾਂ ਦੇ ਅੰਦਰ ਸ਼ਾਂਤੀ ਬਣੀ ਰਹਿੰਦੀ ਹੈ ਉਹਨਾਂ ਦੇ ਅੰਦਰ ਸਦਾ ਆਨੰਦ ਬਣਿਆ ਰਹਿੰਦਾ

ਹੈ, (ਕਿਉਂਕਿ ਉਹਨਾਂ ਨੇ) ਪਰਮਾਤਮਾ (ਦੇ ਨਾਮ) ਨੂੰ ਆਪਣੇ ਹਿਰਦੇ ਵਿਚ ਟਿਕਾ ਰੱਖਿਆ ਹੁੰਦਾ ਹੈ।3।

ਪਰ, ਹੇ ਭਾਈ! (ਜੀਵਾਂ ਦੇ ਕੁਝ ਵੱਸ ਨਹੀਂ) ਜਿਵੇਂ ਪਰਮਾਤਮਾ ਨੂੰ ਚੰਗਾ ਲੱਗਦਾ ਹੈ, ਉਸੇ ਤਰ੍ਹਾਂ ਉਹ ਜੀਵਾਂ ਨੂੰ ਜੀਵਨ-ਰਾਹ ਉਤੇ ਤੋਰਦਾ ਹੈ, ਅਸਾਂ ਜੀਵਾਂ ਦਾ ਉਸ ਦੇ ਸਾਹਮਣੇ ਕੋਈ ਜ਼ੋਰ ਨਹੀਂ ਚੱਲ ਸਕਦਾ। ਹੇ ਨਾਨਕ! ਜਿਹੜਾ ਮਨੁੱਖ ਗੁਰੂ ਦੀ ਸਰਨ ਪੈ ਕੇ ਗੁਰੂ ਦਾ ਸ਼ਬਦ ਹਿਰਦੇ ਵਿਚ ਵਸਾਂਦਾ ਹੈ, ਪਰਮਾਤਮਾ ਦੇ ਨਾਮ ਵਿਚ ਜੁੜਨ ਕਰਕੇ ਉਸ ਨੂੰ (ਲੋਕ ਪਰਲੋਕ ਦੀ) ਇੱਜ਼ਤ ਮਿਲ ਜਾਂਦੀ ਹੈ।4।8। 18।